# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-03-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਕਹਿਣਾ ਏ ਕਿ ਪੰਜਾਬ ਯੂਨੀਵਰਸਿਟੀ, ਵਿਕਸਤ ਭਾਰਤ ਦੇ ਟੀਚੇ ਨੂੰ ਧਿਆਨ ਵਿੱਚ ਰਖਦਿਆਂ, ਨਵੀਆਂ ਕਾਢਾਂ, ਖੋਜ ਅਤੇ ਵਿਸ਼ਵ ਪਧਰ'ਤੇ ਹਿੱਸੇਦਾਰੀ ਨੂੰ ਉਤਸ਼ਾਹਿਤ ਕਰ ਰਹੀ ਏ।
- ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨਾਂ ਲਈ 437 ਕਰੋੜ ਤੋਂ ਵਧ ਦੀ ਮਾਲੀ ਸਹਾਇਤਾ ਮੁਹਈਆ ਕਰਵਾਈ ਗਈ.
- ਪੰਜਾਬ 'ਚ ਝੋਨੇ ਦੇ ਗ਼ੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਅਤੇ ਖਰੀਦ 'ਤੇ ਰੋਕ ਲਾਉਣ ਲਈ ਜਲਦ ਸ਼ੁਰੂ ਕੀਤਾ ਜਾਵੇਗਾ ਆਨਲਾਈਨ ਪੋਰਟਲ.
- ਪੰਜਾਬ ਵਿਧਾਨ ਸਭਾ ਨੇ ਇਸਦੀਆਂ, ਬਹਿਸਾਂ ਤੇ ਕਾਰਵਾਈਆਂ ਤੱਕ ਪਹੁੰਚ ਕਰਨ ਲਈ ਆਪਣਾ SEARCHABLE ENGINE ਲਾਂਚ ਕੀਤਾ ਏ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਦੇਸ਼ ਦੇ ਸਮਾਵੇਸ਼ੀ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਲਈ ਸਮਾਜ ਦੇ ਪਛੜੇ ਅਤੇ ਥੁੜਾਂ ਦਾ ਸਾਹਮਣਾ ਕਰ ਰਹੇ ਵਰਗਾਂ ਨੂੰ ਉਪਰ ਉਠਾਉਣ'ਤੇ ਜ਼ੋਰ ਦਿੱਤਾ। ਓਹ ਚੰਡੀਗੜ੍ਹ ਵਿਖੇ ਪੰਜਾਬ ਯੂਨੀਵਰਸਿਟੀ, ਦੇ 72ਵੇਂ ਕਨਵੋਕੇਸ਼ਨ ਦੀ ਪ੍ਰਧਾਨਗੀ ਕਰ ਰਹੇ ਸਨ. ਇਸ ਮੌਕੇ ਆਪਣੇ ਸੰਬੋਧਨ 'ਚ ਰਾਸ਼ਟਰਪਤੀ ਮੁਰਮੂ ਨੇ ਕਿਹਾ-BYTE –ਰਾਸ਼ਟਰਪਤੀ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਕਿ ਪੰਜਾਬ ਯੂਨੀਵਰਸਿਟੀ, ਵਿਕਸਤ ਭਾਰਤ ਦੇ ਟੀਚੇ ਨੂੰ ਧਿਆਨ ਵਿੱਚ ਰੱਖਦੇ ਹੋਏ, ਨਵੀਂ ਸਿੱਖਿਆ ਨੀਤੀ ਮੁਤਾਬਿਕ ਨਵੀਆਂ ਕਾਢਾਂ, ਖੋਜ ਅਤੇ ਵਿਸ਼ਵ ਪਧਰ'ਤੇ ਹਿੱਸੇਦਾਰੀ ਨੂੰ ਉਤਸ਼ਾਹਿਤ ਕਰ ਰਹੀ ਏ। ਸ਼੍ਰੀਮਤੀ ਮੁਰਮੂ ਨੇ ਸਿੱਖਿਆ ਦੇ ਸਨਅਤੀ ਸਬੰਧ 'ਤੇ ਜ਼ੋਰ ਦਿੱਤਾ. ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸਕਾਰਾਤਮਕ ਮਾਨਸਿਕਤਾ ਰੱਖਣੀ ਚਾਹੀਦੀ ਏ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਲਈ ਉੱਭਰ ਰਹੀਆਂ ਤਕਨਾਲੋਜੀਆਂ ਤੋਂ ਜਾਣੂ ਹੋਣਾ ਚਾਹੀਦਾ ਏ –BYTE – ਰਾਸ਼ਟਰਪਤੀ ਨੇ ਖੁਸ਼ੀ ਜ਼ਾਹਿਰ ਕੀਤੀ ਕਿ ਔਰਤਾਂ ਹਰ ਖੇਤਰ ਵਿੱਚ ਬਿਹਤਰੀਨ ਕਾਰਗੁਜ਼ਾਰੀ ਦਿਖਾ ਰਹੀਆਂ ਨੇ, ਅਤੇ ਕਨਵੋਕੇਸ਼ਨ ਵਿੱਚ, ਡਿਗਰੀਆਂ ਅਤੇ ਤਮਗੇ ਪ੍ਰਾਪਤ ਕਰਨ ਵਾਲਿਆਂ ਵਿੱਚੋਂ 80 ਫੀਸਦੀ ਔਰਤਾਂ ਨੇ. ਉਨ੍ਹਾਂ ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਲਈ ਵੀ ਇਸਦੀ

ਸ਼ਲਾਘਾ ਕੀਤੀ. ਰਾਸ਼ਟਰਪਤੀ ਨੇ ਪ੍ਰਸਿੱਧ ਗਣਿਤ ਸ਼ਾਸਤਰੀ Dr. R.J. Hans-Gill, ਨੂੰ ਸਨਮਾਨਿਤ ਕੀਤਾ, ਅਤੇ ਸਮਾਜ ਸੇਵੀ ਨਿਵੇਦਿਤਾ ਰਘੂਨਾਥ ਭਿਡੇ ਨੂੰ ਆਨਰੇਰੀ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ । ਇਸ ਤੋਂ ਇਲਾਵਾ ਕਈ ਨਾਮਵਰ ਸ਼ਖਸੀਅਤਾਂ ਨੂੰ ਆਪੋ-ਆਪਣੇ ਖੇਤਰਾਂ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਡਾ: ਗੁਰਤੇਜ ਸਿੰਘ ਸੰਧੂ ਨੂੰ ਵਿਗਿਆਨ ਰਤਨ, ਡਾ: ਹਰਮੋਹਿੰਦਰ ਸਿੰਘ ਬੇਦੀ ਨੂੰ ਸਾਹਿਤ ਰਤਨ, ਡਾ: ਪੁਸ਼-ਵਿੰਦਰ ਜੀਤ ਸਿੰਘ ਨੂੰ ਉਦਯੋਗ ਰਤਨ ਅਤੇ ਡਾ: ਜਸਪਿੰਦਰ ਨਰੂਲਾ ਨੂੰ ਕਲਾ ਰਤਨ ਨਾਲ ਸਨਮਾਨਿਤ ਕੀਤਾ ਗਿਆ | ਰਾਸ਼ਟਰਪਤੀ ਨੇ ਮਨੂ ਭਾਕਰ ਨੂੰ ਖੇਡ ਰਤਨ ਨਾਲ ਸਨਮਾਨਿਤ ਕੀਤਾ।ਇਸ ਮੌਕੇ ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ, ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਹੋਰ ਪਤਵੰਤੇ ਵੀ ਹਾਜ਼ਿਰ ਸਨ. ਕਨਵੋਕੇਸ਼ਨ ਸਮਾਰੋਹ ਦੌਰਾਨ, ਲਗਭਗ 812, PH D ਵਿਦਿਆਰਥੀਆਂ ਅਤੇ 70 ਤਗਮਾ ਜੇਤੂ ਵਿਦਿਆਰਥੀਆਂ ਨੇ ਆਪਣੀਆਂ ਡਿਗਰੀਆਂ ਅਤੇ ਤਗਮੇ ਪ੍ਰਾਪਤ ਕੀਤੇ। ਅੱਜ ਡਿਗਰੀਆਂ ਪ੍ਰਾਪਤ ਕਰਨ ਵਾਲਿਆਂ ਵਿੱਚ 617 ਔਰਤਾਂ ਸ਼ਾਮਲ ਨੇ, ਅਤੇ ਤਗਮਾ ਜੇਤੂਆਂ ਵਿੱਚ ਵੀ 62 ਔਰਤਾਂ ਸਨ।

-----------------------------------------------

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਦੱਸਿਆ ਏ ਕਿ ਸੂਬੇ'ਚ ਦਿਵਿਆਂਗਜਨਾਂ ਦੀ ਭਲਾਈ ਲਈ 437. ਕਰੋੜ 15 ਲਖ ਰੁਪਏ ਦੀ ਮਾਲੀ ਸਹਾਇਤਾ ਮੁਹਈਆ ਕਰਵਾਈ ਜਾ ਚੁੱਕੀ ਏ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਸ ਸਕੀਮ ਤਹਿਤ 2 ਲੱਖ 71 ਹਜ਼ਾਰ ਦੇ ਕਰੀਬ ਲਾਭਪਾਤਰੀਆਂ ਨੂੰ ਕਵਰ ਕੀਤਾ ਗਿਆ ਏ। ਡਾ. ਬਲਜੀਤ ਕੌਰ ਨੇ ਅੱਗੇ ਕਿਹਾ ਕਿ ਦਿਵਿਆਂਗਜਨਾਂ ਦੀ ਭਲਾਈ ਲਈ ਸੂਬਾ ਸਰਕਾਰ ਵੱਲੋਂ ਚਾਲੂ ਮਾਲੀ ਸਾਲ ਦੌਰਾਨ 461 ਕਰੋੜ 50 ਲਖ ਰੁਪਏ ਦਾ ਬਜ਼ਟ ਅਲਤ ਕੀਤਾ ਗਿਆ ਏ। ਓਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਗਰੀਬ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਵਚਨਬੱਧ ਏ। ਉਨ੍ਹਾਂ, ਅਧਿਕਾਰੀਆਂ ਨੂੰ ਅਪੀਲ ਵੀ ਕੀਤੀ ਕਿ ਦਿਵਿਆਂਗਜਨਾਂ ਲਈ ਚਲਾਈ ਗਈ ਸਕੀਮ ਤਹਿਤ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਮਾਲੀ ਸਹਾਇਤਾ ਮੁਹਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਵਿੱਚ ਕਿਸੇ ਤਰ੍ਹਾਂ ਦੀ ਅਣਗਾਹਿਲੀ ਕਰਨ ਵਾਲੇ ਅਧਿਕਾਰੀ ਜਾਂ ਮੁਲਾਜ਼ਮ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਵੀ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਚਲਾਈਆਂ ਜਾ ਰਹੀ

ਸਕੀਮਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਇਹਨਾਂ ਸਕੀਮਾਂ ਦਾ ਲਾਭ ਮਿਲ ਸਕੇ।

-----------------------------------------------------------

ਸੂਬੇ ਵਿੱਚ ਗੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਅਤੇ ਖਰੀਦ 'ਤੇ ਮੁਕੰਮਲ ਰੋਕ ਲਾਉਣ ਲਈ ਫੈਸਲਾਕੁੰਨ ਕਾਰਵਾਈ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਝੋਨੇ ਦੇ ਬੀਜਾਂ ਦਾ ਪਤਾ ਲਾਉਣ ਲਈ ਖੇਤੀਬਾੜੀ ਵਿਭਾਗ ਨੂੰ ਇੱਕ ਮਹੀਨੇ ਦੇ ਅੰਦਰ ਆਨਲਾਈਨ ਪੋਰਟਲ ਵਿਕਸਤ ਕਰਨ ਦੇ ਨਿਰਦੇਸ਼ ਦਿੱਤੇ ਨੇ. ਇਹ ਪੋਰਟਲ ਰਜਿਸਟਰਡ ਬੀਜ ਉਤਪਾਦਕਾਂ ਨੂੰ ਬੀਜਾਂ ਦੀ ਖਰੀਦ, ਵਿਕਰੀ ਅਤੇ ਮਿਕਦਾਰ ਸਮੇਤ ਝੋਨੇ ਦੇ ਬੀਜਾਂ ਨਾਲ ਸਬੰਧਤ ਹਰ ਲੈਣ-ਦੇਣ ਬਾਰੇ ਵੇਰਵੇ ਸਹਿਤ ਜਾਣਕਾਰੀ ਪ੍ਰਦਾਨ ਕਰਨਾ ਲਾਜ਼ਮੀ ਕਰੇਗਾ ਤਾਂ ਜੋ ਡਿਜੀਟਲ ਰਿਕਾਰਡ ਰੱਖਦਿਆਂ ਬੀਜ ਸਪਲਾਈ ਲੜੀ ‘ਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾ ਸਕੇ।
ਮੰਤਰੀ ਨੇ ਖੇਤੀਬਾੜੀ ਬਾਰੇ ਵਧੀਕ ਮੁੱਖ ਸਕੱਤਰ, ਸ੍ਰੀ ਅਨੁਰਾਗ ਵਰਮਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (PAU) ਦੇ ਉਪ ਕੁਲਪਤੀ ਡਾ. ਸਤਬੀਰ ਸਿੰਘ ਗੋਸਲ ਨਾਲ ਅੱਜ ਸ਼ੈਲਰ ਮਾਲਕਾਂ, ਖੇਤੀਬਾੜੀ ਤੇ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਹ

ਪਹਿਲਕਦਮੀ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਪੰਜਾਬ ਦੇ ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਦਾ ਪ੍ਰਮਾਣ ਏ । ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੂਬੇ ਦੇ ਕਿਸਾਨਾਂ ਨੂੰ ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੇ ਗਏ ਝੋਨੇ ਦੇ ਮਿਆਰੀ ਬੀਜਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਬੀਜ ਸਪਲਾਈ ਲੜੀ ਦੀ ਸਖ਼ਤ ਨਿਗਰਾਨੀ ਨੂੰ ਯਕੀਨੀ ਬਣਾਉਣ। ਮੰਤਰੀ ਨੇ ਇਹ ਵੀ ਕਿਹਾ ਕਿ ਇਨ੍ਹਾਂ ਗੈਰ-ਪ੍ਰਮਾਣਿਤ ਬੀਜਾਂ ਵਿੱਚ ਅਕਸਰ ਜੈਨੇਟਿਕ ਅਤੇ ਰੋਗਾਂ ਤੋਂ ਲੜਨ ਦੀ ਸ਼ਕਤੀ ਦੀ ਘਾਟ ਹੁੰਦੀ ਏ , ਜਿਸਦੇ ਨਤੀਜੇ ਵਜੋਂ ਫ਼ਸਲ ਦਾ ਵਿਕਾਸ ਰੁਕ ਜਾਂਦਾ ਏ, ਅਨਾਜ ਉਤਪਾਦਨ'ਚ ਗਿਰਾਵਟ ਆ ਜਾਂਦੀ ਏ ਅਤੇ ਕੀੜਿਆਂ ਅਤੇ ਬਿਮਾਰੀਆਂ ਪ੍ਰਤੀ ਫ਼ਸਲ ਦਾ ਜੋਖਮ ਵਧ ਜਾਂਦਾ ਏ । ਸ਼੍ਰੀ ਖੁੱਡੀਆਂ ਨੇ ਕਿਹਾ ਕਿ ਨਵਾਂ ਆਨਲਾਈਨ ਪੋਰਟਲ ਇੱਕ ਵਧੇਰੇ ਪਾਰਦਰਸ਼ੀ ਅਤੇ ਜਵਾਬਦੇਹੀ ਬੀਜ ਸਪਲਾਈ ਲੜੀ ਤਿਆਰ ਕਰਦਿਆਂ ਪੰਜਾਬ ਦੀ ਖੇਤੀ ਲਈ ਇੱਕ ਵਧੇਰੇ ਸਥਿਰ ਅਤੇ ਖੁਸ਼ਹਾਲ ਭਵਿੱਖ ਵਿੱਚ ਯੋਗਦਾਨ ਦੇਵੇਗਾ। ਇਸ ਮੀਟਿੰਗ ਵਿੱਚ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਵਿਭਾਗ ਦੇ ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਖੇਤੀਬਾੜੀ ਬਾਰੇ ਵਿਸ਼ੇਸ਼ ਸਕੱਤਰ ਸ਼੍ਰੀਮਤੀ ਬਲਦੀਪ

ਕੌਰ, ਖੇਤੀਬਾੜੀ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

-----------------------------------------------------

ਪੰਜਾਬ ਵਿਧਾਨ ਸਭਾ ਨੇ ਇਸਦੀਆਂ 1947 ਤੋਂ ਲੈ ਕੇ ਹੁਣ ਤੱਕ ਦੀਆਂ, ਬਹਿਸਾਂ ਤੇ ਕਾਰਵਾਈਆਂ ਤੱਕ ਪਹੁੰਚ ਕਰਨ ਲਈ ਆਪਣਾ ਸਰਚ ਇੰਜਣ ਲਾਂਚ ਕੀਤਾ ਏ। ਇਸ ਪਹਿਲਕਦਮੀ ਨਾਲ, ਰਾਜ ਵਿਧਾਨ ਸਭਾ, ਅਜਿਹਾ ਪ੍ਰੋਜੈਕਟ ਸ਼ੁਰੂ ਕਰਨ ਵਾਲੀ ਦੇਸ਼ ਦੀ ਪਹਿਲੀ ਵਿਧਾਨ ਸਭਾ ਬਣ ਗਈ ਏ. ਸਰਚ ਇੰਜਣ ਲਾਂਚ ਕਰਦਿਆਂ, ਵਿਧਾਨ ਸਭਾ ਦੇ ਸਪੀਕਰ, ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਕਿਸੇ ਵੀ ਵਿਸ਼ੇ'ਤੇ ਖੋਜ ਕਰਨ ਅਤੇ ਬਹਿਸਾਂ ਤੇ ਕਾਰਵਾਈਆਂ ਤੋਂ ਕਿਸੇ ਵੀ ਤੱਥ ਨੂੰ ਲੱਭਣ ਵਿੱਚ ਮਦਦ ਕਰੇਗਾ- BYTE - ਇਸ search engine ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ, IIIT ਹੈਦਰਾਬਾਦ ਅਤੇ CDAC ਨੋਇਡਾ ਦੇ ਸਹਿਯੋਗ ਨਾਲ ਵਿਕਸਤ ਕੀਤਾ ਗਿਆ ਏ।

-----------------------------------------------------

ਸਰਹੱਦੀ ਸੁਰਖਿਆ ਬਲ, ਬੀ.ਐਸ.ਐਫ ਵੱਲੋਂ ਫਾਜ਼ਿਲਕਾ ਦੇ ਪਿੰਡ ਮੁਹੰਮਦ ਪੀਰਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਇੱਕ ਸਿਵਲ ਐਕਸ਼ਨ ਪ੍ਰੋਗਰਾਮ ਕਰਾਇਆ ਗਿਆ ਜਿਸ ਵਿੱਚ ਵਿੱਚ ਸਕੂਲ ਦੇ ਵਿਦਿਆਰਥੀਆਂ ਨੂੰ 17 ਕਿਸਮ ਦੇ ਖੇਡਾਂ ਦਾ ਸਮਾਨ ਤਕਸੀਮ

ਕੀਤਾ ਗਿਆ। ਅਧਿਕਾਰੀਆਂ ਦਾ ਕਹਿਣਾ ਏ ਕਿ ਗੁਆਂਢੀ ਦੇਸ਼ ਸਥਿਤ ਤਸਕਰਾਂ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕਰਨ ਲਈ ਨੌਜਵਾਨਾਂ ਨੂੰ ਜਾਗਰੂਕ ਕਰਕੇ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਜ਼ਰੂਰੀ ਏ। ਵਧੇਰੇ ਜਾਣਕਾਰੀ ਦਿੰਦਿਆਂ ਬੀ.ਐਸ.ਐਫ 55 ਬਟਾਲੀਅਨ ਦੇ ਕਾਰਜਕਾਰੀ ਸੀ.ਈ.ਓ, ਵਿਭਾਸ਼ ਨੇ ਦੱਸਿਆ ਕਿ-BYTE ਸਕੂਲ ਦੀ ਵਿਦਿਆਰਥਣ ਰਾਜਵਿੰਦਰ ਕੌਰ ਨੇ ਕਿਹਾ ਕਿ ਬੀਐਸਐਫ ਦੇ ਇਸ ਸ਼ਲਾਘਾਯੋਗ ਉਪਰਾਲੇ ਸਦਕਾ ਉਸ ਨੂੰ ਖੇਡਾਂ ਦਾ ਬਹੁਤ ਸਾਰਾ ਸਾਮਾਨ ਮਿਲਿਆ ਏ, ਜੋ ਉਸ ਕੋਲ ਨਹੀਂ ਸੀ

---------------------------------------------------------

ਸੀਮਾ ਸੁਰੱਖਿਆ ਬਲ (BSF) ਨੇ ਅੱਜ ਸਰਹੱਦੀ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਹਰਦੋ ਰਤਨ ਦੇ ਨਾਲ ਲੱਗਦੇ ਇੱਕ ਖੇਤ ਵਿੱਚੋਂ 3 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਅਤੇ ਦੋ ਪਿਸਤੌਲ ਬਰਾਮਦ ਕੀਤੇ ਨੇ. BSF ਹਲਕਿਆਂ ਮੁਤਾਬਿਕ, BSF ਨੇ ਇਹ ਕਾਰਵਾਈ ਬੀਤੀ ਰਾਤ ਇੱਕ ਖੁਫੀਆ ਸੂਹ ਦੇ ਅਧਾਰ 'ਤੇ ਸ਼ੁਰੂ ਕੀਤੀ ਸੀ ਜੋ ਅੱਜ ਦੁਪਹਿਰ ਤੱਕ ਜਾਰੀ ਰਹੀ।ਬਰਾਮਦ ਕੀਤੀ ਗਈ ਸਮੱਗਰੀ ਸਰਹੱਦ ਪਾਰ ਤੋਂ ਇੱਕ ਡਰੋਨ ਤੋਂ ਸੁੱਟੀ ਗਈ ਸੀ।

---------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਕਹਿਣਾ ਏ ਕਿ ਪੰਜਾਬ ਯੂਨੀਵਰਸਿਟੀ, ਵਿਕਸਤ ਭਾਰਤ ਦੇ ਟੀਚੇ ਨੂੰ ਧਿਆਨ ਵਿੱਚ

ਰਖਦਿਆਂ, ਨਵੀਆਂ ਕਾਢਾਂ, ਖੋਜ ਅਤੇ ਵਿਸ਼ਵ ਪਧਰ'ਤੇ ਹਿੱਸੇਦਾਰੀ ਨੂੰ ਉਤਸ਼ਾਹਿਤ ਕਰ ਰਹੀ ਏ।

- ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨਾਂ ਲਈ 437 ਕਰੋੜ ਤੋਂ ਵਧ ਦੀ ਮਾਲੀ ਸਹਾਇਤਾ ਮੁਹਈਆ ਕਰਵਾਈ ਗਈ.
- ਪੰਜਾਬ 'ਚ ਝੋਨੇ ਦੇ ਗ਼ੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਅਤੇ ਖਰੀਦ 'ਤੇ ਰੋਕ ਲਾਉਣ ਲਈ ਜਲਦ ਸ਼ੁਰੂ ਕੀਤਾ ਜਾਵੇਗਾ ਆਨਲਾਈਨ ਪੋਰਟਲ.
- ਪੰਜਾਬ ਵਿਧਾਨ ਸਭਾ ਨੇ ਇਸਦੀਆਂ, ਬਹਿਸਾਂ ਤੇ ਕਾਰਵਾਈਆਂ ਤੱਕ ਪਹੁੰਚ ਕਰਨ ਲਈ ਆਪਣਾ SEARCHABLE ENGINE ਲਾਂਚ ਕੀਤਾ ਏ।